# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 27-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜ਼ੋਰ ਦੇ ਕੇ ਕਿਹਾ ਏ ਕਿ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਦੋਸ਼ੀਆਂ ਅਤੇ ਸਾਜ਼ਿਸ਼ਕਾਰਾਂ ਨੂੰ ਸਖ਼ਤ ਤੋਂ ਸਖ਼ਤ ਜਵਾਬ ਦਿੱਤਾ ਜਾਵੇਗਾ। ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਸ਼੍ਰੀ ਮੋਦੀ ਨੇ ਦਹਿਸ਼ਤਗਰਦੀ ਹਮਲੇ 'ਤੇ ਦੁੱਖ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਇਹ ਹਮਲਾ ਅੱਤਵਾਦ ਦੇ ਮਾਲਕਾਂ ਦੀ ਨਿਰਾਸ਼ਾ ਅਤੇ ਕਾਇਰਤਾ ਨੂੰ ਦਰਸਾਉਂਦਾ ਏ । ਉਨ੍ਹਾਂ ਕਿਹਾ ਕਿ ਕਸ਼ਮੀਰ ਵਿੱਚ ਸ਼ਾਂਤੀ ਦੀ ਵਾਪਸੀ, ਲੋਕਤੰਤਰ ਦੀ ਮਜ਼ਬੂਤੀ ਅਤੇ ਸੈਲਾਨੀਆਂ ਦੀ ਗਿਣਤੀ ਵਿੱਚ ਰਿਕਾਰਡ ਵਾਧਾ ਭਾਰਤ ਅਤੇ ਜੰਮੂ-ਕਸ਼ਮੀਰ ਦੇ ਦੁਸ਼ਮਣਾਂ ਨੂੰ ਰਾਸ ਨਹੀਂ ਆ ਰਿਹਾ। ਸ਼੍ਰੀ ਮੋਦੀ ਨੇ ਕਿਹਾ ਕਿ ਦਹਿਸ਼ਤਗਰਦਾਂ ਅਤੇ ਦਹਿਸ਼ਤਗਰਦੀ ਦੇ ਸਰਪ੍ਰਸਤਾਂ ਨੇ ਕਸ਼ਮੀਰ ਨੂੰ ਦੁਬਾਰਾ ਤਬਾਹ ਕਰਨ ਦੀ ਇਹ ਸਾਜ਼ਿਸ਼ ਰਚੀ ਏ ।**BYTE**

ਪ੍ਰਧਾਨ ਮੰਤਰੀ ਨੇ ਡਾ. ਕੇ. ਕਸਤੂਰੀ-ਰੰਗਨ ਨੂੰ ਸ਼ਰਧਾਂਜਲੀ ਭੇਟ ਕਰਦਿਆਂ, ਕਿਹਾ ਕਿ ਦੇਸ਼ ਨੇ ਇੱਕ ਮਹਾਨ ਵਿਗਿਆਨੀ ਗੁਆ ਦਿੱਤਾ ਏ । ਡਾਕਟਰ ਕਸਤੂਰੀ-ਰੰਗਨ ਦਾ ਦੋ ਦਿਨ ਪਹਿਲਾਂ ਦਿਹਾਂਤ ਹੋ ਗਿਆ ਸੀ । ਸ੍ਰੀ ਮੋਦੀ ਨੇ ਕਿਹਾ ਕਿ ਵਿਗਿਆਨ, ਸਿੱਖਿਆ ਅਤੇ ਭਾਰਤ ਦੇ ਪੁਲਾੜ ਪ੍ਰੋਗਰਾਮ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਸ੍ਰੀ ਮੋਦੀ ਨੇ ਖੁਸ਼ੀ ਪ੍ਰਗਟ ਕੀਤੀ ਕਿ ਇਸ ਸਾਲ ਅਪ੍ਰੈਲ ਵਿੱਚ, ਆਰੀਆਭੱਟ ਉਪਗ੍ਰਹਿ ਦੇ ਛੱਡੇ ਜਾਣ ਦੇ 50 ਸਾਲ ਪੂਰੇ ਹੋ ਗਏ ਨੇ । ਉਨ੍ਹਾਂ ਕਿਹਾ ਕਿ 50 ਸਾਲਾਂ ਦਾ ਇਹ ਸਫ਼ਰ, ਸਿਰਫ਼ ਹਿੰਮਤ ਨਾਲ ਸ਼ੁਰੂ ਹੋਇਆ ਸੀ।ਸ੍ਰੀ ਮੋਦੀ ਨੇ ਕਿਹਾ ਕਿ ਉਸ ਸਮੇਂ ਦੇ ਨੌਜਵਾਨ ਵਿਗਿਆਨੀਆਂ ਕੋਲ ਨਾ ਤਾਂ ਆਧੁਨਿਕ ਸਰੋਤ ਸਨ ਅਤੇ ਨਾ ਹੀ ਦੁਨੀਆ ਦੀ ਤਕਨਾਲੋਜੀ ਤੱਕ ਪਹੁੰਚ ਸੀ। ਉਨ੍ਹਾਂ ਕਿਹਾ ਕਿ ਵਿਗਿਆਨੀ, ਬੈਲ ਗੱਡੀਆਂ ਅਤੇ ਸਾਈਕਲਾਂ 'ਤੇ ਮਹੱਤਵਪੂਰਨ ਉਪਕਰਣ ਲੈ ਕੇ ਜਾਂਦੇ ਸਨ। ਪਿਛਲੇ ਮਹੀਨੇ ਮਿਆਂਮਾ  ਵਿੱਚ ਆਏ ਭੂਚਾਲ ਦਾ ਜ਼ਿਕਰ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਨੇ ਰਾਹਤ ਅਤੇ ਬਚਾਅ ਕਾਰਜਾਂ ਲਈ ਤੁਰੰਤ 'ਆਪ੍ਰੇਸ਼ਨ ਬ੍ਰਹਮਾ' ਸ਼ੁਰੂ ਕੀਤਾ । ਉਨ੍ਹਾਂ ਕਿਹਾ ਕਿ ਗੁਆਂਢੀ ਦੇਸ਼ ਨੂੰ ਹਵਾਈ ਸੈਨਾ ਦੇ ਜਹਾਜ਼ਾਂ ਅਤੇ ਜਲ ਸੈਨਾ ਦੇ ਜਹਾਜ਼ਾਂ ਰਾਹੀਂ ਹਰ ਤਰ੍ਹਾਂ ਦੀ ਮਦਦ ਭੇਜੀ ਗਈ । ਭਾਰਤੀ ਟੀਮ ਨੇ ਉੱਥੇ ਇੱਕ ਫੀਲਡ ਹਸਪਤਾਲ ਸਥਾਪਤ ਕੀਤਾ ਅਤੇ

ਇੰਜੀਨੀਅਰਾਂ ਦੀ ਇੱਕ ਟੀਮ ਨੇ ਮਹੱਤਵਪੂਰਨ ਇਮਾਰਤਾਂ ਅਤੇ ਬੁਨਿਆਦੀ ਢਾਂਚੇ ਨੂੰ ਹੋਏ ਨੁਕਸਾਨ ਦਾ ਮੁਲਾਂਕਣ ਕਰਨ ਵਿੱਚ ਮਦਦ ਕੀਤੀ।ਪ੍ਰਧਾਨ ਮੰਤਰੀ ਮੋਦੀ ਨੇ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਦਾ ਵੀ ਜ਼ਿਕਰ ਕੀਤਾ । 5 ਜੂਨ ਨੂੰ ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ 'ਤੇ, ਇਹ ਮੁਹਿੰਮ ਇੱਕ ਸਾਲ ਪੂਰਾ ਕਰੇਗੀ। ਇਸ ਮੁਹਿੰਮ ਤਹਿਤ 140 ਕਰੋੜ ਤੋਂ ਵੱਧ ਬੂਟੇ ਲਗਾਏ ਗਏ ਨੇ ।ਉਨ੍ਹਾਂ ਨੇ ਲੋਕਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਦੀ ਅਪੀਲ ਕੀਤੀ, ਤਾਂ ਜੋ ਉਹ ਮੁਹਿੰਮ ਦੇ ਇੱਕ ਸਾਲ ਪੂਰੇ ਹੋਣ 'ਤੇ ਮਾਣ ਮਹਿਸੂਸ ਕਰ ਸਕਣ ਪ੍ਰਧਾਨ ਮੰਤਰੀ ਨੇ ਸਾਲ 1917 ਦੇ ਚੰਪਾਰਨ ਸੱਤਿਆਗ੍ਰਹਿ ਬਾਰੇ ਵੀ ਗੱਲ ਕੀਤੀ, ਜਿਸਦੀ ਅਗਵਾਈ ਮਹਾਤਮਾ ਗਾਂਧੀ ਨੇ ਕੀਤੀ ਸੀ। ਉਨ੍ਹਾਂ ਕਿਹਾ ਕਿ 108 ਸਾਲ ਪਹਿਲਾਂ ਅਪ੍ਰੈਲ ਅਤੇ ਮਈ ਦੇ ਮਹੀਨਿਆਂ ਵਿੱਚ, ਦੇਸ਼ ਵਿੱਚ ਆਜ਼ਾਦੀ ਦੀ ਇੱਕ ਵਿਲੱਖਣ ਲੜਾਈ ਲੜੀ ਜਾ ਰਹੀ ਸੀ।ਉਨ੍ਹਾਂ ਕਿਹਾ ਕਿ ਜਲ੍ਹਿਆਂਵਾਲਾ ਬਾਗ ਸਾਕਾ ਵੀ ਅਪ੍ਰੈਲ ਵਿੱਚ ਹੋਇਆ ਸੀ।

---------------------------------------------------------------------------

ਰਾਸ਼ਟਰੀ ਜਾਂਚ ਏਜੰਸੀ-NIA ਨੇ ਗ੍ਰਹਿ ਮੰਤਰਾਲੇ ਦੇ ਹੁਕਮ ਤੋਂ ਬਾਅਦ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੀ ਜਾਂਚ ਰਸਮੀ ਤੌਰ 'ਤੇ ਆਪਣੇ ਹੱਥ ਵਿੱਚ ਲੈਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਏ । NIA ਦੀਆਂ ਟੀਮਾਂ ਬੁੱਧਵਾਰ ਤੋਂ ਹਮਲੇ ਵਾਲੀ ਥਾਂ 'ਤੇ ਨੇ ਅਤੇ ਸਬੂਤਾਂ ਦੀ ਭਾਲ ਤੇਜ਼ ਕਰ

ਦਿੱਤੀ ਏ । NIA ਨੇ ਆਪਣੇ ਬਿਆਨ ਵਿੱਚ ਕਿਹਾ ਏ ਕਿ ਟੀਮਾਂ ਆਈ.ਜੀ, ਡੀ.ਆਈ.ਜੀ ਅਤੇ ਐਸ.ਪੀ ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਕੰਮ ਕਰ ਰਹੀਆਂ ਨੇ । ਇਹ ਟੀਮਾਂ ਘਟਨਾਵਾਂ ਦੇ ਪੂਰੇ ਘਟਨਾਕ੍ਰਮ ਨੂੰ ਸਮਝਣ ਲਈ ਬੈਸਰਨ ਘਾਟੀ ਵਿੱਚ ਹਮਲੇ ਦੇ ਚਸ਼ਮਦੀਦਾਂ ਤੋਂ ਵਿਆਪਕ ਤੌਰ 'ਤੇ ਪੁੱਛਗਿੱਛ ਕਰ ਰਹੀਆਂ ਨੇ । ਇਸ ਹਮਲੇ ਨੂੰ, ਹਾਲ ਹੀ ਦੇ ਸਾਲਾਂ ਵਿੱਚ ਕਸ਼ਮੀਰ ਵਿੱਚ ਹੋਏ ਸਭ ਤੋਂ ਗੰਭੀਰ ਦਹਿਸ਼ਤਗਰਦੀ ਹਮਲਿਆਂ ਵਿੱਚੋਂ ਇੱਕ ਮੰਨਿਆ ਜਾਂਦਾ ਏ ।

---------------------------------------------------------------------

ਪੰਜਾਬ ਸਰਕਾਰ ਵੱਲੋਂ ਸਕੂਲ ਪੱਧਰ ‘ਤੇ ਵਿਦਿਆਰਥੀਆਂ ਦੀ ਖੇਡ ਪ੍ਰਤਿਭਾ ਨਿਖਾਰਨ ਲਈ ਸੂਬੇ ਭਰ ਦੇ ਪ੍ਰਾਇਮਰੀ ਸਕੂਲਾਂ ਲਈ 2000 ਸਰੀਰਕ ਸਿਖਲਾਈ ਇੰਸਟ੍ਰਕਟਰ-PTI ਅਧਿਆਪਕਾਂ ਦੀ ਭਰਤੀ ਕੀਤੀ ਜਾਵੇਗੀ । ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦਸਿਆ ਕਿਹਾ ਕਿ ਸੂਬੇ ਦੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਇਨ੍ਹਾਂ ਅਸਾਮੀਆਂ ਨੂੰ ਭਰਨ ਲਈ ਸਕੂਲ ਸਿੱਖਿਆ ਵਿਭਾਗ ਦੇ ਭਰਤੀ ਬੋਰਡ ਨੂੰ ਪ੍ਰਵਾਨਗੀ ਪੱਤਰ ਭੇਜ ਦਿੱਤਾ ਗਿਆ ਏ ਅਤੇ ਭਰਤੀ ਪ੍ਰਕਿਰਿਆ ਯੋਗਤਾ-ਆਧਾਰਤ ਅਤੇ ਪਾਰਦਰਸ਼ੀ ਢੰਗ ਨਾਲ ਹੋਵੇਗੀ ।

---------------------------------------------------------------------

ਔਰਤਾਂ ਦੀ ਸਿਹਤ ਸੰਭਾਲ ਲਈ ਅਹਿਮ ਕਦਮ ਚੁੱਕਦਿਆਂ, ਪੰਜਾਬ

ਸਰਕਾਰ ਨੇ ਮੋਗਾ ਜ਼ਿਲ੍ਹੇ ਵਿੱਚ ਛਾਤੀ ਦੇ ਕੈਂਸਰ ਸਬੰਧੀ ਵਿਆਪਕ ਸਕ੍ਰੀਨਿੰਗ ਪ੍ਰੋਗਰਾਮ ਸ਼ੁਰੂ ਕਰਨ ਲਈ ਯੁਵਰਾਜ ਸਿੰਘ ਯੂਵੀਕੈਨ ਫਾਊਂਡੇਸ਼ਨ ਨਾਲ ਸਮਝੌਤਾ ਸਹੀਬੱਧ ਕੀਤਾ ਏ। ਇਹ ਸਮਝੌਤਾ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਸਹੀਬੱਧ ਕੀਤਾ ਗਿਆ ਏ । ਸਵਸਥ ਮਹਿਲਾ ਸਵਸਥ ਭਾਰਤ ਪਹਿਲਕਦਮੀ ਤਹਿਤ ਇਸ ਭਾਈਵਾਲੀ ਦਾ ਦਾ ਉਦੇਸ਼ ਕੈਂਸਰ ਦਾ ਜਲਦ ਪਤਾ ਲਗਾਉਣ, ਜਾਗਰੂਕਤਾ ਅਤੇ ਸਮੇਂ ਸਿਰ ਦੇਖਭਾਲ ਤੱਕ ਪਹੁੰਚ ਰਾਹੀਂ ਸੂਬੇ ਵਿੱਚ ਛਾਤੀ ਦੇ ਕੈਂਸਰ ਦੀ ਚਿੰਤਾਜਨਕ ਬਿਮਾਰੀ ਨਾਲ ਨਜਿੱਠਣਾ ਏ । ਇਸ ਸਬੰਧੀ ਚਿੰਤਾਜਨਕ ਰਾਸ਼ਟਰੀ ਅੰਕੜਿਆਂ ਦਾ ਹਵਾਲਾ ਦਿੰਦਿਆਂ ਡਾ. ਬਲਬੀਰ ਸਿੰਘ ਨੇ  ਕਿਹਾ, "ਭਾਰਤ ਵਿੱਚ ਹਰ ਚਾਰ ਮਿੰਟਾਂ ਵਿੱਚ ਇੱਕ ਔਰਤ ਨੂੰ ਛਾਤੀ ਦੇ ਕੈਂਸਰ ਹੋਣ ਬਾਰੇ ਪਤਾ ਲੱਗਦਾ ਏ , ਅਤੇ ਹਰ ਅੱਠ ਮਿੰਟਾਂ ਵਿੱਚ ਇੱਕ ਔਰਤ ਇਸ ਬਿਮਾਰੀ ਕਾਰਨ ਆਪਣੀ ਜਾਨ ਗੁਆ ਦਿੰਦੀ ਏ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਪ੍ਰੋਗਰਾਮ ਮੋਗਾ ਵਿੱਚ ਛਾਤੀ ਸਬੰਧੀ ਜਾਂਚ ਸੇਵਾਵਾਂ ਸਥਾਪਤ ਕਰਨ, ਅਤੇ ਇਹ ਯਕੀਨੀ ਬਣਾਉਣ 'ਤੇ ਕੇਂਦ੍ਰਿਤ ਹੋਵੇਗਾ ਕਿ ਸਿਹਤ ਸੰਭਾਲ ਪ੍ਰਦਾਤਾ ਛਾਤੀ ਦੇ ਕੈਂਸਰ ਦੇ ਮਾਮਲਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਚੰਗੀ ਤਰ੍ਹਾਂ ਸਿਖਲਾਈ ਪ੍ਰਾਪਤ ਨੇ।

---

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਅਮਰਦਾਸ ਥਰਮਲ ਪਲਾਂਟ ਗੋਇੰਦਵਾਲ ਸਾਹਿਬ ਵਿਖੇ 500 ਏਕੜ ਵਿੱਚ 125 ਮੈਗਾਵਾਟ ਦਾ ਸੋਲਰ ਪਲਾਂਟ ਲਗਾਇਆ ਜਾ ਰਿਹਾ ਏ। ਬਿਜਲੀ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਸ੍ਰੀ ਗੁਰੂ ਅਮਰਦਾਸ ਥਰਮਲ ਗੋਇੰਦਵਾਲ ਸਾਹਿਬ ਦਾ ਦੌਰਾ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 540 ਮੈਗਾਵਾਟ ਦਾ ਇਹ ਥਰਮਲ ਪਲਾਂਟ ਸਾਲ 2024 ਵਿੱਚ ਜੀ. ਵੀ. ਕੇ. ਕੰਪਨੀ ਤੋਂ 1 ਹਜ਼ਾਰ 80 ਕਰੋੜ ਰੁਪਏ ਵਿੱਚ ਖਰੀਦਿਆ ਸੀ। ਉਹਨਾਂ ਦੱਸਿਆ ਕਿ ਇੱਕ ਯੂਨਿਟ ਦੀ ਓਵਰ-ਹਾਲਿੰਗ ਮੁਕੰਮਲ ਹੋ ਗਈ ਏ ਅਤੇ ਦੂਜੇ ਯੂਨਿਟ ਦੀ 10 ਮਈ ਤੱਕ ਮੁਕੰਮਲ ਕਰ ਲਈ ਜਾਵੇਗੀ।